# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :31-01-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਸੰਤ ਗੁਰੂ ਰਵਿਦਾਸ ਦੇ 649ਵੇਂ ਪ੍ਰਕਾਸ਼ ਪੁਰਬ ਨੂੰ ਮਨਾਉਣ ਲਈ ਪੰਜਾਬ ਦੇ ਦੌਰੇ 'ਤੇ ਹੋਣਗੇ। ਉਹ ਆਦਮਪੁਰ ਹਵਾਈ ਅੱਡੇ ਦਾ ਦੌਰਾ ਕਰਨਗੇ ਅਤੇ ਇਸਦਾ ਨਾਮ ਬਦਲ ਕੇ ਆਦਮਪੁਰ ਸ਼੍ਰੀ ਗੁਰੂ ਰਵਿਦਾਸ ਜੀ ਹਵਾਈ ਅੱਡਾ ਰੱਖਣਗੇ। ਪ੍ਰਧਾਨ ਮੰਤਰੀ ਦਫ਼ਤਰ ਨੇ ਕਿਹਾ ਕਿ ਆਦਮਪੁਰ ਹਵਾਈ ਅੱਡੇ ਦਾ ਨਾਮ ਬਦਲਣਾ ਸਤਿਕਾਰਯੋਗ ਸੰਤ ਅਤੇ ਸਮਾਜ ਸੁਧਾਰਕ ਦਾ ਸਨਮਾਨ ਕਰਦਾ ਏ ਜਿਨ੍ਹਾਂ ਦੀਆਂ ਸਮਾਨਤਾ, ਦਇਆ ਅਤੇ ਮਨੁੱਖੀ ਕਦਰਾਂ ਕੀਮਤਾਂ ਦੀਆਂ ਸਿੱਖਿਆਵਾਂ ਭਾਰਤ ਦੀ ਸਮਾਜਿਕ ਨੈਤਿਕਤਾ ਨੂੰ ਪ੍ਰੇਰਿਤ ਕਰਦੀਆਂ ਰਹਿੰਦੀਆਂ ਨੇ। ਪ੍ਰਧਾਨ ਮੰਤਰੀ ਮੋਦੀ ਲੁਧਿਆਣਾ ਦੇ ਹਲਵਾਰਾ ਹਵਾਈ ਅੱਡੇ 'ਤੇ ਟਰਮੀਨਲ ਇਮਾਰਤ ਦਾ ਉਦਘਾਟਨ ਵੀ ਕਰਨਗੇ। ਇਸ ਨਾਲ ਲੁਧਿਆਣਾ ਅਤੇ ਨੇੜਲੇ ਉਦਯੋਗਿਕ ਅਤੇ ਖੇਤੀਬਾੜੀ ਖੇਤਰ ਦੀਆਂ ਜਰੂਰਤਾਂ ਪੂਰੀਆਂ ਹੋਣਗੀਆਂ। ਹਲਵਾਰਾ ਵਿੱਚ ਭਾਰਤੀ ਹਵਾਈ ਸੈਨਾ ਦਾ ਰਣਨੀਤਕ ਤੌਰ 'ਤੇ ਮਹੱਤਵਪੂਰਨ ਸਟੇਸ਼ਨ

ਵੀ ਏ। ਸੰਪਰਕ ਨੂੰ ਬਿਹਤਰ ਬਣਾਉਣ ਅਤੇ ਵੱਡੇ ਜਹਾਜ਼ਾਂ ਨੂੰ ਅਨੁਕੂਲ ਬਣਾਉਣ ਲਈ, ਹਲਵਾਰਾ ਵਿਖੇ ਇੱਕ ਨਵਾਂ ਸਿਵਲ ਐਨਕਲੇਵ ਵਿਕਸਤ ਕੀਤਾ ਗਿਆ ਏ , ਜਿਸਦਾ ਲੰਬਾ ਰਨਵੇਅ A320 ਵਰਗੇ ਜਹਾਜ਼ਾਂ ਨੂੰ ਸੰਭਾਲਣ ਦੇ ਸਮਰੱਥ ਏ। ਪ੍ਰਧਾਨ ਮੰਤਰੀ ਦੇ ਦੌਰੇ ਦੇ ਮੱਦੇਨਜ਼ਰ, ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਕੱਲ੍ਹ ਸ਼ਾਮ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ। ਡੇਰਾ ਸੱਚਖੰਡ ਬੱਲਾਂ ਵਿਖੇ ਸਖ਼ਤ ਚੌਕਸੀ, ਰੂਟ ਵਿਚ ਤਬਦੀਲੀ ਅਤੇ ਭੀੜ ਪ੍ਰਬੰਧਨ ਨੂੰ ਯਕੀਨੀ ਬਣਾਉਣ ਲਈ ਸੀਨੀਅਰ ਅਧਿਕਾਰੀਆਂ ਨੂੰ ਜਾਣਕਾਰੀ ਦਿੱਤੀ ਗਈ ਏ। ਇਸੇ ਦੌਰਾਨ ਜਲੰਧਰ ਵਿਚ ਪ੍ਰਧਾਨ ਮੰਤਰੀ ਦੀ ਯਾਤਰਾ ਦੇ ਮਦੇਨਜ਼ਰ ਓਹਨਾ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪਹਿਲੀ ਫਰਵਰੀ ਤੱਕ ਜ਼ਿਲੇ ਭਰ ਨੂੰ 'ਨੋ ਫਲਾਇੰਗ ਜ਼ੋਨ' ਐਲਾਨਿਆ ਗਿਆ ਏ।

---------------------------------------------------------------------------------

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਸ੍ਰੀ ਗੁਰੂ ਹਰ ਰਾਏ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਨਾਗਰਿਕਾਂ ਨੂੰ ਵਧਾਈਆਂ ਦਿੱਤੀਆਂ ਨੇ। ਗ੍ਰਹਿ ਮੰਤਰੀ ਨੇ ਕਿਹਾ ਕਿ ਲੰਗਰ ਅਤੇ ਸੰਗਤ ਦੀ ਦੀ ਰਵਾਇਤ ਨੂੰ ਮਜ਼ਬੂਤ ਕਰਨ ਵਾਲੇ ਗੁਰੂ ਹਰ ਰਾਏ ਸਾਹਿਬ ਜੀ ਦੀਆਂ ਸਿੱਖਿਆਵਾਂ ਦਇਆ ਅਤੇ ਸੰਵੇਦਨਸ਼ੀਲਤਾ ਦਾ ਸਰੋਤ ਨੇ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਜੀ

ਨੇ ਸੱਚਮੁੱਚ ਮਨੁੱਖਤਾ ਦੀ ਸੇਵਾ ਕੀਤੀ ਅਤੇ ਆਪਣੀਆਂ ਦਵਾਈਆਂ ਰਾਹੀਂ ਹਰ ਜਾਤਿ, ਵਰਗ ਅਤੇ ਭਾਈਚਾਰੇ ਦੇ ਲੋਕਾਂ ਨੂੰ ਬਿਹਤਰ ਸਿਹਤ ਅਤੇ ਤੰਦਰੁਸਤੀ ਪ੍ਰਦਾਨ ਕੀਤੀ। ਗ੍ਰਿਹ ਮੰਤਰੀ ਨੇ ਕਿਹਾ ਕਿ ਗੁਰੂ ਹਰ ਰਾਏ ਸਾਹਿਬ ਜੀ ਦਾ ਜੀਵਨ ਅਤੇ ਸਿੱਖਿਆਵਾਂ, ਸਮਾਜ ਨੂੰ ਨਿਰਸਵਾਰਥ ਸੇਵਾ ਅਤੇ ਸਮਾਨਤਾ ਵੱਲ ਪ੍ਰੇਰਿਤ ਕਰਦੀਆਂ ਰਹਿਣਗੀਆਂ।

------------------------------------------------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਸਰਹੱਦ ਪਾਰੋਂ ਨਸ਼ਾ ਤਸਕਰਾਂ ਵੱਲੋਂ ਡਰੋਨ ਰਾਹੀਂ ਭਾਰਤੀ ਖੇਤਰ ਅੰਦਰ  ਸੁੱਟੀ ਗਈ ਕਰੀਬ 53 ਕਿਲੋਗ੍ਰਾਮ ਹੈਰੋਇਨ ਜ਼ਬਤ ਕੀਤੀ ਏ । ਅਟਾਰੀ ਦੇ ਡੀ.ਐਸ.ਪੀ ਯਾਦਵਿੰਦਰ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਵਿਚ ਅਜਨਾਲਾ ਦੇ ਰਹਿਣ ਵਾਲੇ ਤਸਕਰ ਗੁਰਜੀਤ ਸਿੰਘ ਅਤੇ ਰਣਜੀਤ ਸਿੰਘ ਨੂੰ ਕਾਬੂ ਕੀਤਾ ਗਿਆ ਏ । ਉਨ੍ਹਾਂ ਦਸਿਆ ਕਿ ਦੋਵੇ ਤਸਕਰ ਆਪਣੇ ਮੋਟਰਸਾਈਕਲ 'ਤੇ ਹੈਰੋਇਨ ਲੈਕੇ ਪਿੰਡ ਖਾਸਾ ਨੇੜਿਓਂ ਲੰਘ ਰਹੇ ਸਨ । ਪੁਲਿਸ ਨੇ ਘੇਰਾਬੰਦੀ ਕਰਕੇ ਉਹਨਾਂ ਦੀ ਤਲਾਸ਼ੀ ਲਈ ਤਾਂ ਮੋਟਰਸਾਈਕਲ ਤੇ ਰੱਖੇ ਅਤੇ  ਪੀਲੇ ਰੰਗ ਦੀ ਪਲਾਸਟ ਟੇਪ ਵਿੱਚ ਲਪੇਟੇ 53 ਕਿਲੋ ਹੈਰੋਇਨ ਦੇ 103 ਪੈਕਟ ਜ਼ਬਤ ਕੀਤੇ । ਨਸ਼ਾ ਤਸਕਰਾਂ ਖਿਲਾਫ ਪਰਚਾ ਦਰਜ ਕਰਕੇ ਦੋਵਾਂ ਦੇ ਮੋਬਾਈਲ ਫੋਨ ਦੀ ਜਾਂਚ ਕੀਤੀ ਜਾ ਰਹੀ ਏ ।

---

ਪੰਜਾਬ ਦੇ ਖਣਨ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਸੂਬੇ ਦਾ ਮਾਲੀਆ ਵਧਾਉਣ ਅਤੇ ਖਣਨ ਖੇਤਰ ਵਿੱਚ ਅਨੁਸ਼ਾਸਨ ਕਾਇਮ ਰੱਖਣ ਦੇ ਉਦੇਸ਼ ਨਾਲ ਸੂਬੇ ਭਰ ਵਿੱਚ ਕਾਨੂੰਨੀ ਮਾਈਨਿੰਗ ਸਾਈਟਾਂ ਨੂੰ ਤੇਜ਼ੀ ਨਾਲ ਕਾਰਜਸ਼ੀਲ ਕਰਨ ਦੇ ਨਿਰਦੇਸ਼ ਦਿੱਤੇ ਨੇ । ਇਸ ਦੇ ਨਾਲ ਹੀ ਉਨ੍ਹਾਂ ਗ਼ੈਰ-ਕਾਨੂੰਨੀ ਮਾਈਨਿੰਗ ਗਤੀਵਿਧੀਆਂ ਖਿਲਾਫ ਸਖ਼ਤ ਕਾਰਵਾਈ ਯਕੀਨੀ ਬਣਾਉਣ ਲਈ ਸਖ਼ਤ ਹੁਕਮ ਜਾਰੀ ਕੀਤੇ ਨੇ । ਕੱਲ ਚੰਡੀਗੜ੍ਹ ਵਿਖੇ ਖਣਨ ਅਤੇ ਭੂ-ਵਿਗਿਆਨ ਵਿਭਾਗ ਦੀ ਉੱਚ-ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੈਬਨਿਟ ਮੰਤਰੀ ਨੇ ਲਾਜ਼ਮੀ ਮਨਜ਼ੂਰੀਆਂ ਜਾਰੀ ਕਰਨ ਦਾ ਪ੍ਰਕਿਰਿਆ ਅਤੇ ਲਾਗੂਕਰਨ ਢਾਂਚੇ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਉਨ੍ਹਾਂ ਸਾਰੇ ਜ਼ਿਲ੍ਹਾ ਮਾਈਨਿੰਗ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਸੂਬਾ ਪੱਧਰੀ ਵਾਤਾਵਰਣ ਪ੍ਰਭਾਵ ਮੁਲਾਂਕਣ ਅਥਾਰਟੀ ਰਾਹੀਂ ਜ਼ਿਲ੍ਹਾ ਸਰਵੇਖਣ ਰਿਪੋਰਟਾਂ ਦੀ ਪ੍ਰਵਾਨਗੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਤਾਂ ਜੋ ਵੱਧ ਤੋਂ ਵੱਧ ਕਾਨੂੰਨੀ ਮਾਈਨਿੰਗ ਸਾਈਟਾਂ ਨੂੰ ਤੁਰੰਤ ਕਾਰਜਸ਼ੀਲ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਨਾਲ ਗ਼ੈਰ-ਕਾਨੂੰਨੀ ਮਾਈਨਿੰਗ ਗਤੀਵਿਧੀਆਂ ਨੂੰ ਨੱਥ ਪਾਉਣ ਦੇ ਨਾਲ-ਨਾਲ ਬਾਜ਼ਾਰ ਦੀ ਮੰਗ ਨੂੰ ਪੂਰਾ ਕਰਨ ਵਿੱਚ ਮਦਦ ਮਿਲੇਗੀ।

---

ਹੁਸ਼ਿਆਰਪੁਰ ਵਿੱਚ ਕਾਂਗਰਸ ਪਾਰਟੀ ਦੇ ਸੀਨੀਅਰ ਨੇਤਾ ਅਤੇ ਸਾਬਕਾ ਮੰਤਰੀ ਸੁੰਦਰ ਸ਼ਾਮ ਅਰੋੜਾ ਦੇ ਜੋਧਾਮਲ ਰੋਡ ਸਥਿਤ ਨਿਵਾਸ 'ਤੇ ਆਮਦਨ ਕਰ ਵਿਭਾਗ ਦੀ ਛਾਪੇਮਾਰੀ ਖ਼ਤਮ ਹੋ ਗਈ ਏ । ਹੁਸ਼ਿਆਰਪੁਰ ਤੋਂ ਸਾਡੇ ਪੱਤਰਕਾਰ ਨੇ ਦਸਿਆ ਕਿ ਵਿਭਾਗ ਦੀ ਇਹ ਕਾਰਵਾਈ 28 ਜਨਵਰੀ ਸਵੇਰੇ ਸਾਢੇ ਛੇ ਵਜੇ ਸ਼ੁਰੂ ਹੋਈ ਸੀ, ਜੋ ਤਿੰਨ ਦਿਨ ਤੱਕ ਚੱਲੀ । ਲਗਭਗ 62 ਘੰਟਿਆਂ ਤੱਕ ਚੱਲੀ ਜਾਂਚ ਦੌਰਾਨ ਟੀਮ ਵੱਲੋਂ ਦਸਤਾਵੇਜ਼ਾਂ ਦੀ ਜਾਂਚ ਅਤੇ ਪੁੱਛਗਿੱਛ ਕੀਤੀ ਗਈ। ਸੂਤਰਾਂ ਮੁਤਾਬਕ, ਛਾਪੇਮਾਰੀ ਦੌਰਾਨ ਕਿਸੇ ਨੂੰ ਵੀ ਨਿਵਾਸ ਵਿੱਚ ਆਉਣ ਜਾਂ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਟੀਮ ਵੱਲੋਂ ਚੰਡੀਗੜ੍ਹ-ਮੋਹਾਲੀ ਦੀ ਇੱਕ ਕੰਪਨੀ ਅਤੇ ਵੱਖ-ਵੱਖ ਜਾਇਦਾਦਾਂ ਨਾਲ ਸਬੰਧਤ ਸਵਾਲ ਪੁੱਛੇ ਗਏ। ਇਸ ਕੰਪਨੀ ਨਾਲ ਜੁੜੇ ਦਫ਼ਤਰਾਂ ਅਤੇ ਕੁਝ ਹੋਰ ਵਿਅਕਤੀਆਂ ਦੇ ਘਰਾਂ 'ਤੇ ਪਹਿਲਾਂ ਵੀ ਛਾਪੇਮਾਰੀ ਹੋ ਚੁੱਕੀ ਏ ।

---------------------------------------------------------------------------------

ਭਾਰਤ ਅਤੇ ਨਿਊਜ਼ੀਲੈਂਡ ਦਰਮਿਆਨ TWENTY -TWENTY ਅੰਤਰ-ਰਾਸ਼ਟਰੀ ਕ੍ਰਿਕੇਟ ਲੜੀ ਦਾ ਪੰਜਵਾਂ ਅਤੇ ਆਖਰੀ ਮੈਚ ਅੱਜ ਤਿਰੂਵਨੰਤਪੁਰਮ ਵਿਖੇ ਖੇਡਿਆ ਜਾਵੇਗਾ । ਮੈਚ ਸ਼ਾਮ 7 ਵਜੇ ਸ਼ੁਰੂ ਹੋਵੇਗਾ ਭਾਰਤੀ ਟੀਮ ਨੂੰ ਵਿਸ਼ਾਖਾਪਟਨਮ ਵਿੱਚ ਚੌਥੇ ਮੈਚ ਵਿੱਚ 50

ਦੌੜਾਂ ਨਾਲ ਹਾਰ ਦਾ ਸਾਹਮਣਾ ਕਰਨਾ ਪਿਆ । ਹਾਲਾਂਕਿ, ਭਾਰਤ ਪਹਿਲਾਂ ਹੀ ਲੜੀ ਵਿੱਚ 3-1 ਦੀ ਫੈਸਲਾਕੁੰਨ ਲੀਡ ਲੈ ਚੁਕਿਆ ਏ.

--------------------------------------------------------------------------------